ਪੰਜਾਬ ਸਕੂਲ ਸਿੱਖਿਆ ਬੋਰਡ

**ਸੈਸ਼ਨ 2020-21 ਲਈ ਪੰਜਵੀਂ, ਅੱਠਵੀਂ ਅਤੇ ਨੌਵੀਂ ਤੋਂ ਬਾਰਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦੀਆਂ ਰਜਿਟਰੇਸ਼ਨ/ ਕੰਟੀਨਿਊਸ਼ਨ ਰਿਟਰਨਾਂ ਆਨ-ਲਾਈਨ ਭਰਨ ਸਬੰਧੀ ਹਦਾਇਤਾਂ:-**

- ਰਜਿਸਟਰੇਸ਼ਨ/ ਕੰਟੀਨਿਊਸ਼ਨ ਸੰਬਧੀ ਹਦਾਇਤਾਂ/ ਸਹਾਇਤਾ/ ਫੀਸਾਂ ਦਾ ਸ਼ਡਿਊਲ ਆਦਿ ਬੋਰਡ ਦੀ ਵੈਬਸਾਈਟ www.pseb.ac.in ਤੇ Registration Section ਅਧੀਨ ਅਤੇ ਸਕੂਲ ਲਾਗਇੰਨ ਆਈ ਡੀ ਵਿੱਚ ਉਪਲੱਬਧ ਹੈ।
- ਬੋਰਡ ਵੱਲੋਂ ਸਮੇਂ-ਸਮੇਂ ਤੇ ਹਦਾਇਤਾਂ, ਪ੍ਰੈਸ ਨੋਟ ਅਤੇ ਹੋਰ ਮਹੱਤਵਪੂਰਣ ਜਾਣਕਾਰੀ ਅਪਡੇਟ ਕੀਤੀ ਜਾਂਦੀ ਹੈ, ਇਸ ਲਈ ਬੋਰਡ ਦੀ ਵੈੱਬ ਸਾਈਟ, ਸਕੂਲ ਲਾਗਇੰਨ ਆਈ.ਡੀ., ਸਕੂਲ ਦੀ ਰਜਿਸਟਰਡ ਈਮੇਲ ਆਈ.ਡੀ. ਅਤੇ ਇੰਨਬਾਕਸ ਨੂੰ ਰੋਜ਼ਾਨਾ ਚੈੱਕ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਬੋਰਡ ਵੱਲੋਂ ਕੁਝ ਮਹੱਤਵਪੂਰਣ ਜਾਣਕਾਰੀ ਸਕੂਲ ਦੇ ਰਜਿਸਟਰਡ ਮੋਬਾਇਲ ਨੰਬਰ ਤੇ SMS ਰਾਹੀਂ ਭੇਜੀ ਜਾਂਦੀ ਹੈ। ਇਸ ਨੂੰ ਪੜ੍ਹਨਾ ਅਤੇ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ। ਬੋਰਡ ਵੱਲੋਂ ਕਿਸੇ ਵੀ ਸਕੂਲ ਨੂੰ ਵੱਖਰੇ ਤੌਰ ਤੇ ਪੱਤਰ ਰਾਹੀਂ ਸੂਚਨਾ ਨਹੀਂ ਭੇਜੀ ਜਾਵੇਗੀ।
- ਸਕੂਲ ਮੁੱਖੀ ਵੱਲੋਂ ਬੋਰਡ ਨਾਲ ਆਨ-ਲਾਈਨ ਈਮੇਲ ਰਾਹੀਂ ਜਾਂ ਕੋਈ ਵੀ ਪੱਤਰ ਵਿਹਾਰ ਕਰਨ ਸਮੇਂ ਲੈਟਰ ਪੈਡ ਤੇ ਵਿਸ਼ੇ ਸਬੰਧੀ ਡਿਟੇਲ, ਸਕੂਲ ਕੋਡ ਅਤੇ ਸ਼ਨਾਖਤੀ ਨੰਬਰ ਜ਼ਰੂਰ ਲਿਖਿਆ ਜਾਵੇ।
- ਦੂਜੇ ਰਾਜ/ ਬੋਰਡਾਂ ਤੋਂ ਹੇਠਲੀ ਜਮਾਤ ਪਾਸ/ ਰੀਅਪੀਅਰ/ ਫੇਲ੍ਹ ਵਿਦਿਆਰਥੀਆਂ ਦੇ ਦਸਤਾਵੇਜ਼ ਸਬੰਧਤ ਬੋਰਡ/ ਸਿੱਖਿਆ ਸੰਸਥਾਵਾਂ ਦੀ ਵੈਬਸਾਈਟ ਤੋਂ ਵੈਰੀਫਾਈ ਕਰਨ ਉਪਰੰਤ ਹੀ ਦਾਖਲਾ ਦਿੱਤਾ ਜਾਵੇ।
- ਨੌਵੀਂ ਤੋਂ ਬਾਰਵੀਂ ਸ਼੍ਰੇਣੀ ਵਿੱਚ ਦੂਜੇ ਰਾਜ/ ਬੋਰਡ ਤੋਂ ਆਉਣ ਵਾਲੇ ਵਿਦਿਆਰਥੀਆਂ ਦੇ ਬੋਰਡਾਂ ਨੂੰ COBSE ਅਤੇ MHRD ਮੈਂਬਰਜ਼ ਬੋਰਡਾਂ ਦੀ ਸੂਚੀ ਅਧੀਨ ਬੋਰਡ ਚੈਕ ਕਰਨ ਉਪਰੰਤ ਹੀ ਆਨ-ਲਾਈਨ ਰਜਿਸਟਰੇਸ਼ਨ ਕੀਤੀ ਜਾਵੇ।

**ਪੰਜਵੀਂ ਅਤੇ ਅੱਠਵੀਂ ਸ਼੍ਰੇਣੀ ਲਈ ਦੂਜੇ ਰਾਜ /ਬੋਰਡ ਤੋਂ ਆਉਣ ਵਾਲੇ ਵਿਦਿਆਰਥੀਆਂ ਸਬੰਧੀ :-**

1. ਦੂਜੇ ਰਾਜ /ਬੋਰਡ ਤੋਂ ਆਉਣ ਵਾਲੇ ਜਿਹੜੇ ਵਿਦਿਆਰਥੀਆਂ ਨੇ ਜਿਸ ਸ਼੍ਰੇਣੀ ਵਿੱਚ ਦਾਖਲਾ ਲੈਣਾ ਹੈ, ਉਸ ਤੋਂ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਨਤੀਜਾ ਕਾਰਡ ਜਾਂ ਟਰਾਂਸਫਰ ਸਰਟੀਫਿਕੇਟ (ਕੋਈ ਇੱਕ ਡਾਕੂਮੈਂਟ) ਹੀ ਲਿਆ ਜਾਵੇ। ਸਕੂਲ ਮੁੱਖੀ ਦੁਆਰਾ ਟਰਾਂਸਫਰ ਸਰਟੀਫਿਕੇਟ/ ਨਤੀਜਾ ਕਾਰਡ ਕਿਸੇ ਹੋਰ ਅਥਾਰਟੀ ਤੋਂ ਵੈਰੀਫਾਈ ਕਰਵਾਉਣ ਦੀ ਲੋੜ ਨਹੀਂ ਹੋਵੇਗੀ| ਇਸ ਸਬੰਧ ਵਿੱਚ ਸਕੂਲ ਮੁੱਖੀ ਸੀ.ਬੀ.ਐਸ.ਈ. ਜਾਂ ਦੂਜੇ ਰਾਜਾਂ ਦੇ ਬੋਰਡਾਂ ਦੀ ਵੈਬਸਾਈਟ ਤੇ ਜਾ ਕੇ ਸਕੂਲ ਬਾਰੇ ਵੈਰੀਫਾਈ ਕਰ ਲੈਣ ਕਿ ਸਰਟੀਫਿਕੇਟ ਜਾਰੀ ਕਰਨ ਵਾਲੀ ਸੰਸਥਾ / ਸਕੂਲ ਬੋਰਡ ਨਾਲ ਐਫੀਲੀਏਟਡ ਹੈ ਜਾਂ ਨਹੀਂ। ਨਾਲ ਹੀ ਸਕੂਲ ਮੁੱਖੀ ਜਾਂ ਕਲਾਸ ਇੰਚਾਰਜ

ਵੈਬਸਾਈਟ ਤੇ ਜਾ ਕੇ ਵੈਰੀਫਾਈ ਕਰਨ ਉਪਰੰਤ ਇਸ ਸਬੰਧ ਵਿੱਚ ਆਪਣੇ ਰਿਕਾਰਡ ਵਿੱਚ ਸਬੰਧਤ ਵੇਰਵੇ ਦਰਜ ਕਰ ਦੇਣ।

ਜਾਂ

ਪੰਜਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਵਿਦਿਆਰਥੀ ਦੀ ਮਿਤੀ 31 ਮਾਰਚ ਤੱਕ ਘੱਟੋਂ ਘੱਟ ਉਮਰ 9 ਸਾਲ ਹੋਣੀ ਚਾਹੀਦੀ ਹੈ ਅਤੇ ਅੱਠਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਵਿਦਿਆਰਥੀ ਦੀ ਮਿਤੀ 31 ਮਾਰਚ ਤੱਕ ਘੱਟੋ ਘੱਟ ਉਮਰ 12 ਸਾਲ ਹੋਣੀ ਚਾਹੀਦੀ ਹੈ। ਇਸ ਸਬੰਧੀ ਯੋਗਤਾ ਚੈੱਕ ਕਰਨ ਦੀ ਨਿਰੋਲ ਜਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ।

2. NRI ਵਿਦਿਆਰਥੀਆਂ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਬਰਾਬਰ ਦੀ ਯੋਗਤਾ ਦਾ ਸਮਾਨਤਾ ਪੱਤਰ ਜੋ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਕਾਦਮਿਕ ਸ਼ਾਖਾ ਵੱਲੋਂ ਜਾਰੀ ਕੀਤਾ ਜਾਂਦਾ ਹੈ, ਲਿਆ ਜਾਵੇ ਅਤੇ ਇਹ ਸਕੂਲ ਮੁੱਖੀ ਨੂੰ ਪੇਸ਼ ਕਰੇ।

**ਨੌਵੀਂ ਤੋਂ ਬਾਰਵੀਂ ਸ਼੍ਰੇਣੀ ਲਈ ਦੂਜੇ ਰਾਜ/ ਬੋਰਡ ਤੋਂ ਆਉਣ ਵਾਲੇ ਵਿਦਿਆਰਥੀਆਂ ਸਬੰਧੀ:-**

1. ਦੂਜੇ ਰਾਜ/ ਬੋਰਡ ਤੋਂ ਆਉਣ ਵਾਲੇ ਜਿਹੜੇ ਵਿਦਿਆਰਥੀਆਂ ਨੇ ਜਿਸ ਕਲਾਸ ਵਿੱਚ ਦਾਖਲਾ ਲੈਣਾ ਹੈ, ਉਸ ਕੋਲੋਂ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਨਤੀਜਾ ਕਾਰਡ ਜਾਂ ਟਰਾਂਸਫਰ ਸਰਟੀਫਿਕੇਟ (ਕੋਈ ਇੱਕ ਡਾਕੂਮੈਂਟ) ਹੀ ਲਿਆ ਜਾਵੇ।

2. ਸਕੂਲ ਮੁੱਖੀ ਦੁਆਰਾ ਟਰਾਂਸਫਰ ਸਰਟੀਫਿਕੇਟ/ ਨਤੀਜਾ ਕਾਰਡ ਕਿਸੇ ਹੋਰ ਅਥਾਰਟੀ ਤੋਂ ਵੈਰੀਫਾਈ ਕਰਵਾਉਣ ਦੀ ਲੋੜ ਨਹੀਂ ਹੋਵੇਗੀ| ਇਸ ਸਬੰਧ ਵਿੱਚ ਸਕੂਲ ਮੁੱਖੀ ਸੀ.ਬੀ.ਐਸ.ਈ. ਜਾਂ ਦੂਜੇ ਰਾਜਾਂ ਦੇ ਬੋਰਡਾਂ ਦੀ ਵੈਬਸਾਈਟ ਤੇ ਜਾ ਕੇ ਸਕੂਲ ਬਾਰੇ ਵੈਰੀਫਾਈ ਕਰ ਲੈਣ ਕਿ ਸਰਟੀਫਿਕੇਟ ਜਾਰੀ ਕਰਨ ਵਾਲੀ ਸੰਸਥਾ / ਸਕੂਲ ਬੋਰਡ ਨਾਲ ਐਫੀਲੀਏਟਡ ਹੈ ਜਾਂ ਨਹੀਂ। ਨਾਲ ਹੀ ਸਕੂਲ ਮੁੱਖੀ ਜਾਂ ਕਲਾਸ ਇੰਚਾਰਜ ਵੈਬਸਾਈਟ ਤੇ ਜਾ ਕੇ ਵੈਰੀਫਾਈ ਕਰਨ ਉਪਰੰਤ ਇਸ ਸਬੰਧ ਵਿੱਚ ਆਪਣੇ ਰਿਕਾਰਡ ਵਿੱਚ ਸਬੰਧਤ ਵੇਰਵੇ ਦਰਜ ਕਰ ਦੇਣ।

3. ਜਿਹੜੇ ਵਿਦਿਆਰਥੀ ਦਾਖਲ ਹੋਣ ਸਮੇਂ ਨਤੀਜਾ ਕਾਰਡ ਜਾਂ ਟਰਾਂਸਫਰ ਸਰਟੀਫਿਕੇਟ ਕਿਸੇ ਵਜ੍ਹਾ ਨਾਲ ਨਾ ਦੇ ਸਕਣ, ਤਾਂ ਉਹਨਾਂ ਵਿਦਿਆਰਥੀਆਂ ਨੂੰ ਪ੍ਰੋਵੀਜਨਲ ਦਾਖਲਾ ਦੇ ਦਿੱਤਾ ਜਾਵੇ ਪ੍ਰੰਤੂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ ਪਹਿਲਾਂ ਉਕਤ ਦੋਨਾਂ ਵਿੱਚੋਂ ਕੋਈ ਇੱਕ ਸਰਟੀਫਿਕੇਟ ਸਬੰਧਤ ਵਿਦਿਆਰਥੀ ਦੁਆਰਾ ਸਕੂਲ ਮੁੱਖੀ ਨੂੰ ਪੇਸ਼ ਕਰੇ।

4. NRI ਵਿਦਿਆਰਥੀਆਂ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਬਰਾਬਰ ਦੀ ਯੋਗਤਾ ਦਾ ਸਮਾਨਤਾ ਪੱਤਰ ਜੋ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਕਾਦਮਿਕ ਸ਼ਾਖਾ ਵੱਲੋਂ ਜਾਰੀ ਕੀਤਾ ਜਾਂਦਾ ਹੈ, ਲਿਆ ਜਾਵੇ ਅਤੇ ਇਹ ਸਕੂਲ ਮੁੱਖੀ ਨੂੰ ਪੇਸ਼ ਕਰੇ।

5. ਫਾਰਮ ਭਰਦੇ ਸਮੇਂ ਵਿਦਿਆਰਥੀਆਂ ਦੇ ਦਸਤਾਵੇਜ਼ ਸਕੈਨ ਕਰ ਕੇ ਸਕੂਲ ਵੱਲੋਂ ਬੋਰਡ ਦੇ ਪੋਰਟਲ ਵਿੱਚ ਆਨ-ਲਾਈਨ ਅਪਲੋਡ ਕੀਤੇ ਜਾਣਗੇ। ਦਸਤਾਵੇਜ਼ ਵੈਰੀਫਾਈ ਕਰਨ ਦੀ ਨਿਰੋਲ

ਜ਼ਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ। ਬੋਰਡ ਵੱਲੋਂ randomly ਕਿਸੇ ਵੀ ਵਿਦਿਆਰਥੀ ਦੇ ਦਸਤਾਵੇਜ਼ ਚੈਕ ਕੀਤੇ ਜਾ ਸਕਦੇ ਹਨ। ਜੇਕਰ ਚੈੱਕ ਕੀਤੇ ਦਸਤਾਵੇਜ਼ਾਂ ਵਿੱਚ ਕੋਈ ਗਲਤੀ ਪਾਈ ਗਈ, ਤਾਂ ਉਸ ਸਬੰਧੀ ਸਿੱਖਿਆ ਵਿਭਾਗ ਨੂੰ ਕਾਰਵਾਈ ਕਰਨ ਲਈ ਲਿਖਤੀ ਭੇਜ ਦਿੱਤਾ ਜਾਵੇਗਾ।

6. ਗਿਆਰਵੀਂ ਸ਼੍ਰੇਣੀ ਦੇ ਵਿਦਿਆਰਥੀ ਦਾ ਅਸਲ ਮਾਈਗਰੇਸ਼ਨ (ਜੇਕਰ ਕੋਈ ਬੋਰਡ ਜਾਰੀ ਕਰਦਾ ਹੈ), ਸਕੂਲ ਵਿੱਚ ਜਮ੍ਹਾਂ ਕਰਵਾਉਣਾ ਹੋਵੇਗਾ। ਬੋਰਡ ਵਿੱਚ ਜ਼ਰੂਰਤ ਪੈਣ ਤੇ ਮੰਗਵਾਇਆ ਜਾ ਸਕਦਾ ਹੈ।

**ਆਨਲਾਈਨ ਰਜਿਸਟਰੇਸ਼ਨ/ ਕੰਟੀਨਿਊਸ਼ਨ ਕਰਨ ਸਬੰਧੀ ਹਦਾਇਤਾਂ:-**

- ਆਨ-ਲਾਈਨ ਰਜਿਸਟਰੇਸ਼ਨ/ ਕੰਟੀਨਿਊਸ਼ਨ ਕਰਨ ਲਈ ਭਰੇ ਜਾਣ ਵਾਲੇ ਫਾਰਮਾਂ ਸਬੰਧੀ ਸ਼੍ਰੇਣੀ ਵਾਈਜ਼ ਵਿਸਥਾਰ ਪੂਰਵਕ ਹੇਠਾਂ ਦੱਸਿਆ ਗਿਆ ਹੈ। ਇਹਨਾਂ ਆਨ-ਲਾਈਨ ਫਾਰਮਾਂ ਵਿੱਚ ਵੇਰਵੇ ਦਾਖਲਾ ਖਾਰਜ ਰਜਿਸਟਰ ਮੁਤਾਬਕ ਧਿਆਨ ਪੂਰਵਕ ਪੂਰੇ ਅਤੇ ਸਹੀ ਭਰੇ ਜਾਣ। ਇੱਥੇ ਇਹ ਵੀ ਧਿਆਨ ਰੱਖਿਆ ਜਾਵੇ ਕਿ ਆਨ-ਲਾਈਨ ਫਾਰਮ ਭਰਦੇ ਸਮੇਂ ਅੰਗਰੇਜ਼ੀ ਤੋਂ ਪੰਜਾਬੀ ਕੰਨਵਰਜ਼ਨ ਦੀ ਸੁਵਿਧਾ ਸਕੂਲ ਦੀ ਸੁਵਿਧਾ ਲਈ ਦਿੱਤੀ ਹੈ, ਜੇਕਰ ਕੰਨਵਰਜ਼ਨ ਨਹੀਂ ਹੁੰਦੀ ਤਾਂ ਨਾਲ ਲੱਗੇ Keyboard ਤੋਂ ਪੰਜਾਬੀ ਦੇ ਵੇਰਵੇ ਠੀਕ ਕਰਨਾ ਯਕੀਨੀ ਬਣਾਇਆ ਜਾਵੇ। ਪੰਜਾਬੀ ਵਿੱਚ ਵੇਰਵਿਆਂ ਦੀ ਗਲਤੀ ਦੀ ਜ਼ਿੰਮੇਵਾਰੀ ਸਕੂਲ ਦੀ ਹੋਵੇਗੀ। ਵੇਰਵੇ ਭਰਨ ਉਪਰੰਤ ਇਸਦਾ Rough Print ਲੈ ਕੇ ਇਸਨੂੰ 2-3 ਵਾਰ ਚੰਗੀ ਤਰ੍ਹਾਂ ਚੈੱਕ ਕਰ ਲਿਆ ਜਾਵੇ। ਜੇਕਰ ਕੋਈ ਸੋਧ ਹੈ, ਤਾਂ ਸੋਧ ਕਰਨ ਉਪਰੰਤ ਦੁਬਾਰਾ Rough Print ਲੈ ਕੇ ਚੈੱਕ ਕੀਤਾ ਜਾਵੇ। ਇਸ ਤੋਂ ਇਲਾਵਾ Student Verification Form ਵੀ ਪ੍ਰਿੰਟ ਕਰਕੇ ਪਰੀਖਿਆਰਥੀਆਂ ਅਤੇ ਉਹਨਾਂ ਦੇ ਮਾਪਿਆ ਤੋਂ ਵੇਰਵੇ ਚੈੱਕ ਕਰਵਾ ਲਏ ਜਾਣ। ਵੇਰਵਿਆ ਸਬੰਧੀ ਪੂਰੀ ਤਸੱਲੀ ਕਰਨ ਉਪਰੰਤ ਹੀ ਫਾਈਨਲ ਸਬਮਿਸ਼ਨ ਕੀਤਾ ਜਾਵੇ। ਫਾਈਨਲ ਸਬਮਿਸ਼ਨ ਉਪਰੰਤ ਵੇਰਵੇ ਲਾਕ ਹੋ ਜਾਣਗੇ। ਜੇਕਰ ਇਸ ਉਪਰੰਤ ਵਿਦਿਆਰਥੀ ਦੇ ਵੇਰਵੇ ਭਰਨ ਸਮੇਂ ਸਕੂਲ ਵੱਲੋਂ ਕੋਈ ਗਲਤੀ ਹੁੰਦੀ ਹੈ, ਤਾਂ ਇਸ ਦੀ ਜ਼ਿੰਮੇਵਾਰੀ ਸਕੂਲ ਮੁੱਖੀ ਦੀ ਆਪਣੀ ਹੋਵੇਗੀ। ਫਾਈਨਲ ਪ੍ਰਿੰਟ ਦੀ ਕਾਪੀ ਵਿੱਚ ਹੱਥ ਨਾਲ ਕੀਤੀ ਸੋਧ ਸਵੀਕਾਰਨਯੋਗ ਨਹੀਂ ਹੋਵੇਗੀ।
- ਰਜਿਸਟਰੇਸ਼ਨ/ ਕੰਟੀਨਿਊਸ਼ਨ ਸਬੰਧੀ ਇਹ ਧਿਆਨ ਵਿੱਚ ਰਹੇ ਕਿ ਜਦੋਂ ਤੱਕ ਫਾਈਨਲ ਸਬਮਿਸ਼ਨ ਨਹੀਂ ਕੀਤਾ ਜਾਂਦਾ, ਉਦੋਂ ਤੱਕ ਆਨਲਾਈਨ ਕੀਤੀ ਐਂਟਰੀ ਡੰਮੀ/ ਪੈਡਿੰਗ ਐਂਟਰੀ ਮੰਨੀ ਜਾਵੇਗੀ ਅਤੇ ਇਸਨੂੰ ਸਵੀਕਾਰ ਵੀ ਨਹੀਂ ਕੀਤਾ ਜਾਵੇਗਾ।

**ਪੰਜਵੀਂ ਸ਼੍ਰੇਣੀ ਲਈ:-**

1. ਜਿਹੜੇ ਵਿਦਿਆਰਥੀ ਪਹਿਲੀ ਵਾਰ ਪੰਜਵੀਂ ਸ਼੍ਰੇਣੀ ਅਧੀਨ ਬੋਰਡ ਵਿੱਚ ਰਜਿਸਟਰਡ ਹੋਣਗੇ, ਉਹਨਾਂ ਲਈ ਐਫ-1 (F1) ਫਾਰਮ ਭਰਿਆ ਜਾਵੇ। ਇਹ ਫਾਰਮ ਕੇਵਲ ਪੰਜਾਬ ਰਾਜ ਵਿੱਚ ਪੜ੍ਹਦੇ ਆ ਰਹੇ ਵਿਦਿਆਰਥੀਆਂ ਲਈ ਭਰਿਆ ਜਾਵੇ। (E-Punjab ਤੋ Import ਵੀ ਕੀਤਾ ਜਾ ਸਕਦਾ ਹੈ।) ਰਜਿਸਟਰੇਸ਼ਨ ਕਰਨ ਲਈ ਨਿਰਧਾਰਿਤ ਫੀਸ ਲਈ ਜਾਵੇਗੀ।
2. ਜਿਹੜੇ ਵਿਦਿਆਰਥੀ ਕਿਸੇ ਹੋਰ ਰਾਜ/ਬੋਰਡ ਤੋਂ ਚੌਥੀ ਸ਼੍ਰੇਣੀ ਪਾਸ/ਪੰਜਵੀਂ ਫੇਲ੍ਹ ਹੋ ਕੇ ਆਏ ਹਨ, ਲਈ ਐਫ-2 (F2) ਫਾਰਮ ਭਰਿਆ ਜਾਵੇ। ਆਨਲਾਈਨ ਫਾਰਮ ਭਰਨ ਸਮੇਂ ਚੌਥੀ ਸ਼੍ਰੇਣੀ ਕਿਸ ਬੋਰਡ ਤੋਂ ਪਾਸ ਜਾਂ ਪੰਜਵੀਂ ਫੇਲ ਹੈ, ਦਾ ਨਾਂ ਲਾਜ਼ਮੀ ਸਲੈਕਟ ਕੀਤਾ ਜਾਵੇ। ਜੇਕਰ ਬੋਰਡ ਦਾ ਨਾਂ ਸੂਚੀ ਵਿੱਚ ਨਾ ਹੋਵੇ ਤਾਂ Other ਸਲੈਕਟ ਕੀਤਾ ਜਾਵੇ ਅਤੇ ਦਿੱਤੇ ਖਾਨੇ ਵਿੱਚ ਬੋਰਡ ਦਾ ਨਾਮ ਲਿਖਿਆ ਜਾਵੇ।
3. ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਪੰਜਵੀਂ ਫੇਲ ਵਿਦਿਆਰਥੀਆਂ ਲਈ ਐਫ-3 (F3) ਫਾਰਮ ਭਰਿਆ ਜਾਵੇ। ਫਾਰਮ ਭਰਨ ਸਮੇਂ ਪਹਿਲਾਂ ਜਾਰੀ ਕੀਤਾ ਰਜਿਸਟਰੇਸ਼ਨ ਨੰਬਰ ਜਰੂਰ ਭਰਿਆ ਜਾਵੇ।

**ਅੱਠਵੀਂ ਸ਼੍ਰੇਣੀ ਲਈ:-**

1. ਸੱਤਵੀਂ ਪਾਸ ਜਾਂ ਕੰਪਾਰਟਮੈਂਟ ਵਾਲੇ ਵਿਦਿਆਰਥੀਆਂ ਲਈ ਏ-1(A-1) ਫਾਰਮ ਭਰਿਆ ਜਾਵੇ।
2. ਜਿਹੜੇ ਵਿਦਿਆਰਥੀ ਕਿਸੇ ਦੂਜੇ ਰਾਜ/ਬੋਰਡ ਤੋਂ ਸੱਤਵੀਂ ਪਾਸ/ਅੱਠਵੀਂ ਫੇਲ੍ਹ ਹੋ ਕੇ ਆਏ ਹਨ, ਲਈ ਫਾਰਮ ਏ-2 (A-2) ਭਰਿਆ ਜਾਵੇ। ਆਨਲਾਈਨ ਫਾਰਮ ਭਰਨ ਸਮੇਂ ਵਿਦਿਆਰਥੀ ਜਿਸ ਵੀ ਬੋਰਡ ਤੋਂ ਸੱਤਵੀਂ ਪਾਸ/ਅੱਠਵੀਂ ਫੇਲ੍ਹ ਹੈ, ਦਾ ਨਾਂ ਲਾਜ਼ਮੀ ਸਲੈਕਟ ਕੀਤਾ ਜਾਵੇ। ਜੇਕਰ ਬੋਰਡ ਦਾ ਨਾਂ ਸੂਚੀ ਵਿੱਚ ਨਾ ਹੋਵੇ, ਤਾਂ Other ਸਲੈਕਟ ਕੀਤਾ ਜਾਵੇ ਅਤੇ ਦਿੱਤੇ ਖਾਨੇ ਵਿੱਚ ਬੋਰਡ ਦਾ ਨਾਮ ਲਿਖਿਆ ਜਾਵੇ।
3. ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਅੱਠਵੀਂ ਫੇਲ ਵਿਦਿਆਰਥੀਆਂ ਲਈ ਏ-3 (A3) ਫਾਰਮ ਭਰਿਆ ਜਾਵੇ। ਫਾਰਮ ਭਰਨ ਸਮੇਂ ਪਹਿਲਾਂ ਜਾਰੀ ਕੀਤਾ ਰਜਿਸਟਰੇਸ਼ਨ ਨੰਬਰ ਜਰੂਰ ਭਰਿਆ ਜਾਵੇ।

**ਨੌਵੀਂ ਸ਼੍ਰੇਣੀ ਲਈ:-**

1. ਜਿਹੜੇ ਵਿਦਿਆਰਥੀ ਪਹਿਲਾਂ ਕਿਸੇ ਵੀ ਸ਼੍ਰੇਣੀ ਅਧੀਨ ਬੋਰਡ ਵਿੱਚ ਰਜਿਸਟਰਡ ਨਹੀਂ ਹੋਏ ਭਾਵ ਰਜਿਸਟਰੇਸ਼ਨ ਨੰਬਰ ਜਾਰੀ ਨਹੀਂ ਹੋਇਆ ਅਤੇ ਨੌਵੀਂ ਸ਼੍ਰੇਣੀ ਵਿੱਚ ਦਾਖਲਾ ਲਿਆ ਹੈ, ਉਹਨਾਂ ਲਈ ਐਨ 1 (N1) ਫਾਰਮ ਭਰਿਆ ਜਾਵੇ। ਇਹ ਫਾਰਮ ਕੇਵਲ ਪੰਜਾਬ ਰਾਜ ਵਿੱਚ ਪੜ੍ਹਦੇ ਆ ਰਹੇ ਵਿਦਿਆਰਥੀਆਂ ਲਈ ਭਰਿਆ ਜਾਵੇ। (E-Punjab ਤੋਂ Import ਵੀ ਕੀਤਾ ਜਾ ਸਕਦਾ ਹੈ।)

2. ਜਿਹੜੇ ਵਿਦਿਆਰਥੀ ਕਿਸੇ ਹੋਰ ਰਾਜ/ ਬੋਰਡ ਤੋਂ ਅੱਠਵੀਂ ਦੀ ਪ੍ਰੀਖਿਆ ਪਾਸ/ ਨੌਵੀਂ ਫੇਲ੍ਹ ਹੋ ਕੇ ਆਏ ਹਨ, ਲਈ ਐਨ 2 (N2) ਫਾਰਮ ਭਰਿਆ ਜਾਵੇ। ਆਨਲਾਈਨ ਫਾਰਮ ਭਰਨ ਸਮੇਂ ਅੱਠਵੀਂ ਕਿਸ ਬੋਰਡ ਤੋਂ ਪਾਸ ਜਾਂ ਨੌਵੀ ਫੇਲ ਹੈ, ਦਾ ਨਾਂ ਲਾਜ਼ਮੀ ਸਲੈਕਟ ਕੀਤਾ ਜਾਵੇ। ਜੇਕਰ ਬੋਰਡ ਦਾ ਨਾਂ ਸੂਚੀ ਵਿੱਚ ਨਾ ਹੋਵੇ ਤਾਂ Other ਸਲੈਕਟ ਕੀਤਾ ਜਾਵੇ ਅਤੇ ਦਿੱਤੇ ਖਾਨੇ ਵਿੱਚ ਬੋਰਡ ਦਾ ਨਾਮ ਲਿਖਿਆ ਜਾਵੇ। ਜੇਕਰ ਦੂਜੇ ਰਾਜ ਤੋਂ ਆਉਣ ਵਾਲੇ ਪਰੀਖਿਆਰਥੀ ਨੂੰ ਪਿਛਲੀ ਕਿਸੇ ਵੀ ਸ਼੍ਰੇਣੀ ਵਿੱਚ ਬੋਰਡ ਦਾ ਰਜਿਸਟਰੇਸ਼ਨ ਨੰਬਰ ਜਾਰੀ ਹੋਇਆ ਹੈ, ਤਾਂ ਆਨ-ਲਾਈਨ ਐਂਟਰੀ ਵੇਲੇ ਰਜਿਸਟਰੇਸ਼ਨ ਨੰਬਰ ਲਾਜ਼ਮੀ ਭਰਿਆ ਜਾਵੇ।
3. ਜਿਹੜੇ ਵਿਦਿਆਰਥੀ ਪਹਿਲਾਂ ਹੀ ਬੋਰਡ ਵਿੱਚ ਰਜਿਸਟਰਡ ਹਨ (ਭਾਵ ਉਹਨਾਂ ਨੂੰ ਪਿਛਲੀ ਕਿਸੇ ਵੀ ਸ਼੍ਰੇਣੀ ਵਿੱਚ ਬੋਰਡ ਵੱਲੋਂ ਰਜਿਸਟਰੇਸ਼ਨ ਨੰਬਰ ਜਾਰੀ ਹੋਇਆ ਹੈ) ਅਤੇ ਅੱਠਵੀਂ ਪਾਸ/ ਨੌਵੀਂ ਫੇਲ੍ਹ ਹਨ, ਲਈ ਐਨ 3 (N3) ਫਾਰਮ ਭਰਿਆ ਜਾਵੇ। ਫਾਰਮ ਭਰਨ ਸਮੇਂ ਪਹਿਲਾਂ ਜਾਰੀ ਕੀਤਾ ਰਜਿਸਟਰੇਸ਼ਨ ਨੰਬਰ ਜ਼ਰੂਰ ਭਰਿਆ ਜਾਵੇ।

**ਦਸਵੀਂ ਸ਼੍ਰੇਣੀ ਲਈ:-**

1. ਜਿਹੜੇ ਵਿਦਿਆਰਥੀ ਪਹਿਲਾਂ ਹੀ ਬੋਰਡ ਵਿੱਚ ਰਜਿਸਟਰਡ ਹਨ, ਲਈ ਫਾਰਮ ਐਮ 1 (M1) ਭਰਿਆ ਜਾਵੇ। ਇਸ ਫਾਰਮ ਵਿੱਚ ਪਿਛਲੇ ਤਿੰਨ ਸਾਲ ਦੌਰਾਨ ਨੌਵੀਂ ਪਾਸ ਵਿਦਿਆਰਥੀਆਂ ਜਾਂ ਪਿਛਲੇ ਦੋ ਸਾਲਾਂ ਦੌਰਾਨ ਦਸਵੀਂ ਫੇਲ੍ਹ ਵਿਦਿਆਰਥੀਆਂ (ਕੇਵਲ ਰੈਗੂਲਰ) ਨੂੰ import ਕੀਤਾ ਜਾ ਸਕੇਗਾ। Import ਕਰਨ ਉਪਰੰਤ modify ਕਰਕੇ ਵਿਦਿਆਰਥੀਆਂ ਵੱਲੋਂ ਲਏ ਵਿਸ਼ੇ ਅਤੇ ਹੋਰ ਜਾਣਕਾਰੀ ਭਰੀ ਜਾਵੇ। ਇਸ ਫਾਰਮ ਵਿੱਚ ਨਵੀਂ ਐਂਟਰੀ ਨਹੀਂ ਕੀਤੀ ਜਾ ਸਕਦੀ। ਕੋਈ ਵੀ ਨੌਵੀਂ ਰੀ-ਅਪੀਅਰ ਪ੍ਰੀਖਿਆਰਥੀ ਜਿਸ ਦੇ ਪਹਿਲੇ ਦੋ ਚਾਂਸਾਂ ਵਿੱਚੋਂ ਕੋਈ ਚਾਂਸ ਬਾਕੀ ਹੈ ਤਾਂ ਉਹ ਦਸਵੀਂ ਵਿੱਚ ਪ੍ਰੋਵੀਜ਼ਨਲ ਦਾਖਲਾ ਲੈ ਸਕਦਾ ਹੈ। ਜਦੋਂ ਤੱਕ ਪ੍ਰੀਖਿਆਰਥੀ ਨੌਵੀਂ ਪਾਸ ਨਹੀਂ ਕਰ ਲੈਂਦਾ ਤਾਂ ਉਸਦਾ ਦਸਵੀਂ ਦਾ ਨਤੀਜਾ ਘੋਸ਼ਿਤ ਨਹੀਂ ਕੀਤਾ ਜਾਵੇਗਾ।
2. ਜਿਹੜੇ ਵਿਦਿਆਰਥੀ ਕਿਸੇ ਦੂਜੇ ਰਾਜ/ਬੋਰਡ ਤੋਂ ਨੌਵੀਂ ਦੀ ਪ੍ਰੀਖਿਆ ਪਾਸ/ ਦਸਵੀਂ ਫੇਲ੍ਹ ਹੋ ਕੇ ਆਏ ਹਨ,ਲਈ ਫਾਰਮ ਐਮ-2 (M2) ਭਰਿਆ ਜਾਵੇ। ਆਨਲਾਈਨ ਫਾਰਮ ਭਰਨ ਸਮੇਂ ਵਿਦਿਆਰਥੀ ਜਿਸ ਵੀ ਬੋਰਡ ਤੋਂ ਨੌਵੀਂ ਪਾਸ /ਦਸਵੀਂ ਫੇਲ੍ਹ ਹੈ, ਦਾ ਨਾਂ ਲਾਜ਼ਮੀ ਸਲੈਕਟ ਕੀਤਾ ਜਾਵੇ। ਜੇਕਰ ਬੋਰਡ ਦਾ ਨਾਂ ਸੂਚੀ ਵਿੱਚ ਨਾ ਹੋਵੇ, ਤਾਂ other ਸਲੈਕਟ ਕੀਤਾ ਜਾਵੇ ਅਤੇ ਦਿੱਤੇ ਖਾਨੇ ਵਿੱਚ ਬੋਰਡ ਦਾ ਨਾਮ ਲਿਖਿਆ ਜਾਵੇ। ਜੇਕਰ ਦੂਜੇ ਰਾਜ ਤੋਂ ਆਉਣ ਵਾਲੇ ਵਿਦਿਆਰਥੀਆਂ ਨੂੰ ਪਿਛਲੀ ਕਿਸੇ ਵੀ ਸ਼੍ਰੇਣੀ ਵਿੱਚ ਬੋਰਡ ਦਾ ਰਜਿਸਟਰੇਸ਼ਨ ਨੰਬਰ ਜਾਰੀ ਹੋਇਆ ਹੈ, ਤਾਂ ਆਨ-ਲਾਈਨ ਐਂਟਰੀ ਵੇਲੇ ਰਜਿਸਟਰੇਸ਼ਨ ਨੰਬਰ ਲਾਜ਼ਮੀ ਭਰਿਆ ਜਾਵੇ।

**ਗਿਆਰਵੀਂ ਸ਼੍ਰੇਣੀ ਲਈ:-**

1. ਜਿਹੜੇ ਪ੍ਰੀਖਿਆਰਥੀ ਪਿਛਲੇ ਕਿਸੇ ਵੀ ਸਾਲ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਦਸਵੀਂ ਪਾਸ ਜਾਂ ਗਿਆਰਵੀਂ ਫੇਲ੍ਹ/ ਗੈਰ-ਹਾਜ਼ਰ ਹਨ ਜਾਂ ਦਸਵੀਂ ਰੀ-ਅਪੀਅਰ/ ਕੰਪਾਰਟਮੈਂਟ ਹੈ ਅਤੇ

ਇਸਦੇ ਪਹਿਲੇ ਦੋ ਚਾਂਸਾਂ ਵਿੱਚੋਂ ਕੋਈ ਚਾਂਸ ਬਾਕੀ ਹੈ ਤਾਂ ਉਹ ਗਿਆਰਵੀਂ ਵਿੱਚ ਵੱਖ-ਵੱਖ ਆਪਸ਼ਨਾਂ/ ਲਿੰਕ ਅਧੀਨ ਈ1 (E1) ਫਾਰਮ ਅਧੀਨ ਰਜਿਸਟਰਡ (import) ਕੀਤੇ ਜਾ ਸਕਦੇ ਹਨ। ਦਸਵੀਂ ਰੀ-ਅਪੀਅਰ ਪ੍ਰੀਖਿਆਰਥੀ ਜੋ ਗਿਆਰਵੀਂ ਵਿੱਚ ਦਾਖਲ ਕੀਤੇ ਗਏ ਹਨ ਉਹਨਾਂ ਦਾ ਦਾਖਲਾ ਪ੍ਰੋਵੀਜ਼ਨਲ ਮੰਨਿਆ ਜਾਵੇਗਾ ਅਤੇ ਜਦੋਂ ਤੱਕ ਦਸਵੀਂ ਪਾਸ ਨਹੀਂ ਕਰ ਲੈਂਦੇ ਗਿਆਰਵੀਂ ਦਾ ਨਤੀਜਾ ਘੋਸ਼ਿਤ ਨਹੀਂ ਕੀਤਾ ਜਾਵੇਗਾ। ਇਹਨਾਂ ਪ੍ਰੀਖਿਆਰਥੀਆਂ ਨੂੰ Rollno, Regno ਅਧੀਨ ਹੀ import ਕੀਤਾ ਜਾਵੇਗਾ। ਪਿਛਲੇ ਤਿੰਨ ਸਾਲ ਤੋਂ ਪਹਿਲਾਂ ਕਿਸੇ ਵੀ ਸਾਲ ਵਿੱਚ ਪਾਸ ਪ੍ਰੀਖਿਆਰਥੀਆਂ ਦੀ ਨਵੀਂ ਐਂਟਰੀ ਕੀਤੀ ਜਾਵੇਗੀ ਪ੍ਰਤੂੰ ਇਹਨਾਂ ਪ੍ਰੀਖਿਆਰਥੀਆਂ ਦਾ ਬੋਰਡ ਵੱਲੋਂ ਜਾਰੀ ਹੋਇਆ ਰਜਿਸਟਰੇਸ਼ਨ ਨੰਬਰ ਹੋਣਾ ਚਾਹੀਦਾ ਹੈ ਨਹੀਂ ਤਾਂ ਇਹਨਾਂ ਪ੍ਰੀਖਿਆਰਥੀਆਂ ਦੀ ਈ2 (E2) ਫਾਰਮ ਵਿੱਚ ਐਂਟਰੀ ਕੀਤੀ ਜਾਵੇ।

2. ਜਿਹੜੇ ਵਿਦਿਆਰਥੀ ਕਿਸੇ ਦੂਜੇ ਰਾਜ/ ਬੋਰਡ ਤੋਂ ਦਸਵੀਂ ਪ੍ਰੀਖਿਆ ਪਾਸ/ ਗਿਆਰਵੀਂ ਫੇਲ੍ਹ ਹਨ, ਲਈ ਈ2 (E2) ਫਾਰਮ ਭਰਿਆ ਜਾਵੇ। ਆਨਲਾਈਨ ਰਜਿਸਟਰੇਸ਼ਨ ਫਾਰਮ ਭਰਨ ਸਮੇਂ ਦਸਵੀਂ ਕਿਸ ਬੋਰਡ ਤੋਂ ਕੀਤੀ ਹੈ, ਦਾ ਨਾਂ ਲਾਜ਼ਮੀ ਸਲੈਕਟ ਕੀਤਾ ਜਾਵੇ। ਜੇਕਰ ਬੋਰਡ ਦਾ ਨਾਂ ਸੂਚੀ ਵਿੱਚ ਨਾ ਹੋਵੇ, ਤਾਂ Other ਸਲੈਕਟ ਕੀਤਾ ਜਾਵੇ ਅਤੇ ਦਿੱਤੇ ਖਾਨੇ ਵਿੱਚ ਬੋਰਡ ਦਾ ਨਾਮ ਲਿਖਿਆ ਜਾਵੇ। ਜੇਕਰ ਦੂਜੇ ਰਾਜ ਤੋਂ ਆਉਣ ਵਾਲੇ ਪਰੀਖਿਆਰਥੀ ਨੂੰ ਪਿਛਲੀ ਕਿਸੇ ਵੀ ਸ਼੍ਰੇਣੀ ਵਿੱਚ ਬੋਰਡ ਦਾ ਰਜਿਸਟਰੇਸ਼ਨ ਨੰਬਰ ਜਾਰੀ ਹੋਇਆ ਹੈ, ਤਾਂ ਆਨ-ਲਾਈਨ ਐਂਟਰੀ ਵੇਲੇ ਰਜਿਸਟਰੇਸ਼ਨ ਨੰਬਰ ਲਾਜ਼ਮੀ ਭਰਿਆ ਜਾਵੇ।

**ਬਾਰਵੀਂ ਸ਼੍ਰੇਣੀ ਲਈ:-**

1. ਗਿਆਰਵੀਂ ਕੰਪਾਰਟਮੈਂਟ ਅਤੇ ਬਾਰਵੀਂ ਫੇਲ੍ਹ ਵਿਦਿਆਰਥੀਆਂ, ਲਈ ਟੀ1 (T1) ਫਾਰਮ ਭਰਿਆ ਜਾਵੇ। ਇਸ ਫਾਰਮ ਵਿੱਚ ਪਿਛਲੇ ਤਿੰਨ ਸਾਲ ਦੌਰਾਨ ਗਿਆਰਵੀਂ ਪਾਸ ਵਿਦਿਆਰਥੀਆਂ ਜਾਂ ਪਿਛਲੇ ਦੋ ਸਾਲਾਂ ਦੌਰਾਨ ਬਾਰਵੀਂ ਫੇਲ੍ਹ (ਕੇਵਲ ਰੈਗੂਲਰ) ਵਿਦਿਆਰਥੀਆਂ ਨੂੰ import ਕੀਤਾ ਜਾ ਸਕੇਗਾ। Import ਕਰਨ ਉਪਰੰਤ modify ਕਰਕੇ ਵਿਦਿਆਰਥੀਆਂ ਵੱਲੋਂ ਲਏ ਵਿਸ਼ੇ ਅਤੇ ਹੋਰ ਜਾਣਕਾਰੀ ਭਰੀ ਜਾਵੇ। ਇਸ ਫਾਰਮ ਵਿੱਚ ਨਵੀਂ ਐਂਟਰੀ ਨਹੀਂ ਕੀਤੀ ਜਾ ਸਕਦੀ। ਕੋਈ ਵੀ ਗਿਆਰਵੀਂ ਕੰਪਾਰਟਮੈਂਟ ਵਿਦਿਆਰਥੀ ਜਿਸ ਦਾ ਪਹਿਲੇ ਦੋ ਚਾਂਸਾਂ ਵਿੱਚੋਂ ਕੋਈ ਚਾਂਸ ਬਾਕੀ ਹੈ ਤਾਂ ਉਹ ਬਾਰਵੀਂ ਵਿੱਚ ਪ੍ਰੋਵੀਜ਼ਨਲ ਦਾਖਲਾ ਲੈ ਸਕਦਾ ਹੈ। ਜਦੋਂ ਤੱਕ ਵਿਦਿਆਰਥੀ ਗਿਆਰਵੀਂ ਪਾਸ ਨਹੀਂ ਕਰ ਲੈਂਦਾ ਤਾਂ ਉਸਦਾ ਬਾਰਵੀਂ ਦਾ ਨਤੀਜਾ ਘੋਸ਼ਿਤ ਨਹੀਂ ਕੀਤਾ ਜਾਵੇਗਾ।
2. ਜਿਹੜੇ ਵਿਦਿਆਰਥੀ ਕਿਸੇ ਦੂਜੇ ਰਾਜ/ ਬੋਰਡ ਤੋਂ ਗਿਆਰਵੀਂ ਪ੍ਰੀਖਿਆ ਪਾਸ/ ਬਾਰਵੀਂ ਫੇਲ੍ਹ ਹੋ ਕੇ ਆਏ ਹਨ, ਲਈ ਟੀ 2 (T2) ਫਾਰਮ ਭਰਿਆ ਜਾਵੇ। ਆਨਲਾਈਨ ਰਜਿਸਟਰੇਸ਼ਨ ਫਾਰਮ ਭਰਨ ਸਮੇਂ ਗਿਆਰ੍ਹਵੀਂ ਕਿਸ ਬੋਰਡ ਤੋਂ ਕੀਤੀ ਹੈ, ਦਾ ਨਾਂ ਲਾਜ਼ਮੀ ਸਲੈਕਟ ਕੀਤਾ ਜਾਵੇ। ਜੇਕਰ ਬੋਰਡ ਦਾ ਨਾਂ ਸੂਚੀ ਵਿੱਚ ਨਾ ਹੋਵੇ, ਤਾਂ Other ਸਲੈਕਟ ਕੀਤਾ ਜਾਵੇ ਅਤੇ ਦਿੱਤੇ ਖਾਨੇ ਵਿੱਚ